# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :31-05-2026

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਦਿਨਾਂ ਵਿਚ ਤੇਜ਼ ਗਰਮੀ ਦੌਰਾਨ ਸਾਵਧਾਨੀ ਵਰਤਣ ਅਤੇ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ। ਆਲ ਇੰਡੀਆ ਰੇਡੀਓ 'ਤੇ ਆਪਣੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ, ਉਨ੍ਹਾਂ ਨੇ ਲੋਕਾਂ ਨੂੰ ਘਰ ਤੋਂ ਬਾਹਰ ਨਿਕਲਣ ਤੋਂ ਪਹਿਲਾਂ ਵੱਧ ਤੋ ਵੱਧ ਪਾਣੀ ਪੀਣ ਅਤੇ ਸੂਰਜ ਦੀ ਤੋਂ ਬਚਾਅ ਕਰਨ ਲਈ ਸੁਰੱਖਿਆ ਮਾਪਦੰਡ ਅਪਨਾਉਣ ਦੀ ਸਲਾਹ ਦਿੱਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਮ ਪੰਨਾ, ਲੱਸੀ, ਸੱਤੂ, ਸ਼ਰਬਤ, ਬੇਲ ਪੰਨਾ ਤੇ ਸ਼ਰਬਤ ਪੀਣਾ ਗਰਮੀ ਤੋਂ ਰਾਹਤ ਪਾਉਣ ਲਈ ਲਾਭਦਾਇਕ ਹੈ। ਉਨ੍ਹਾਂ ਕਿਹਾ ਕਿ ਇਹ ਪੀਣ ਵਾਲੇ ਪਦਾਰਥ "ਏਕ ਭਾਰਤ ਸ੍ਰੇਸ਼ਠ ਭਾਰਤ" ਦੀ ਭਾਵਨਾ ਨੂੰ ਦਰਸਾਉਂਦੇ ਹਨ ਅਤੇ ਪੀੜ੍ਹੀਆਂ ਦੇ ਤਜਰਬਿਆਂ ਨੂੰ ਦਰਸਾਉਂਦੇ ਹਨ।

---

ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰ ਦਫ਼ਤਰਾਂ ਦੇ ਜ਼ਿਲ੍ਹਾ ਪੱਧਰੀ ਕੰਪਲੈਕਸ ਵਿੱਚ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੀ ਕੋਰ ਕਮੇਟੀ ਦੇ ਜ਼ਿਲ੍ਹਾ ਦਫ਼ਤਰ ਖੋਲ੍ਹੇ ਜਾਣਗੇ। ਇਸ ਸਬੰਧੀ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਤੋਂ ਦਫਤਰ ਖੋਲਣ ਲਈ ਜਗ੍ਹਾ ਦੀ ਮੰਗ ਕੀਤੀ ਗਈ ਹੈ। ਇਹ ਜਾਣਕਾਰੀ ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ ਲੁਧਿਆਣਾ ਵਿੱਚ ਮਨੁੱਖੀ ਅਧਿਕਾਰਾਂ ਬਾਰੇ ਲੋਕਾਂ ਨੂੰ ਜਾਗਰੂਕਤਾ ਸਮਾਗਮ ਨੂੰ ਦੌਰਾਨ ਸਾਂਝੀ ਕੀਤੀ। ਉਨਾਂ ਕਿਹਾ ਕਿ

ਇਹ ਪਹਿਲ ਪੰਜਾਬ ਨੂੰ ਦੇਸ਼ ਦਾ ਪਹਿਲਾ ਅਜਿਹਾ ਰਾਜ ਬਣਾਉਂਦੀ ਹੈ ਜਿੱਥੇ ਮਨੁੱਖੀ ਅਧਿਕਾਰ ਕਮਿਸ਼ਨ ਦੀ ਕਾਰਗੁਜ਼ਾਰੀ ਦਾ ਜ਼ਿਲ੍ਹਾ ਪੱਧਰ ਤੱਕ ਵਿਸਥਾਰ ਕੀਤਾ ਜਾਵੇਗਾ। ਇਸ ਕਦਮ ਨਾਲ ਆਮ ਲੋਕਾਂ ਨੂੰ ਆਪਣੇ ਅਧਿਕਾਰਾਂ ਲਈ ਦਫਤਰ ਮਨੁੱਖੀ ਅਧਿਕਾਰ ਕਮਿਸ਼ਨ, ਚੰਡੀਗੜ੍ਹ ਤੱਕ ਜਾਣ ਦੀ ਲੋੜ ਨਹੀਂ ਪਵੇਗੀ, ਸਗੋਂ ਉਹ ਆਪਣੇ ਹੀ ਜ਼ਿਲ੍ਹੇ ਵਿੱਚ ਹੀ ਆਪਣੀਆਂ ਸ਼ਿਕਾਇਤਾਂ ਇਸ ਕੋਰ ਕਮੇਟੀ ਦੇ ਜ਼ਿਲ੍ਹਾ ਦਫਤਰ ਵਿੱਚ ਦਰਜ ਕਰਵਾ ਸਕਣਗੇ।

---

ਜਲੰਧਰ ਦੇ ਵਸਨੀਕ ਇਕ RTI ਕਾਰਕੁੰਨ ਸਿਮਰਨਜੀਤ ਸਿੰਘ ਦੇ ਕਾਲ ਚਹੇੜੂ ਵਿਖੇ ਹੋਏ ਕਤਲ ਮਾਮਲੇ ਵਿਚ ਕਪੂਰਥਲਾ ਪੁਲਿਸ ਨੇ ਮੁਲਜ਼ਮ ਕੱਲ੍ਹ ਸ਼ਾਮ ਨੂੰ ਗ੍ਰਿਫਤਾਰ ਕਰ ਲਿਆ। ਉਸ ਕੋਲੋਂ ਇਕ ਪਿਸਤੌਲ ਤੇ ਕਾਰਤੂਸ ਵੀ ਬਰਾਮਦ ਹੋਏ ਨੇ। ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ ਜਲੰਧਰ ਰੇਂਜ ਨਵੀਨ ਸਿੰਗਲਾ ਨੇ ਦੱਸਿਆ ਕਿ ਕਤਲ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮ ਦੀ ਪਛਾਣ ਸ਼ਰਨਜੀਤ ਸਿੰਘ ਉਰਫ ਟਵਿੰਕਲ ਵਾਸੀ ਤਿਲਕ ਨਗਰ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਮ੍ਰਿਤਕ ਦੇ ਸਕੇ ਮਾਮੇ ਦਾ ਲੜਕਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਦਾ ਮ੍ਰਿਕਤ ਸਿਮਰਨਜੀਤ ਸਿੰਘ ਨਾਲ ਪੈਸਿਆਂ ਨੂੰ ਲੈ ਕੇ ਝਗੜਾ ਹੋਇਆ ਸੀ।।

-----------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਐਸਏਐਸ ਨਗਰ ਦੇ ਪੰਜ ਸਾਬਕਾ ਕੈਡਿਟ ਪੁਣੇ ਦੇ ਖੜਕਵਾਸਲਾ ਸਥਿਤ ਵੱਕਾਰੀ ਕੌਮੀ ਰੱਖਿਆ ਅਕੈਡਮੀ (ਐਨਡੀਏ) ਤੋਂ ਗ੍ਰੈਜੂਏਟ ਹੋਏ ਹਨ। ਚੀਫ਼ ਆਫ਼ ਆਰਮੀ ਸਟਾਫ਼ ਜਨਰਲ ਉਪੇਂਦਰ ਦਿਵੇਦੀ, ਵੱਲੋਂ 150ਵੇਂ ਐਨਡੀਏ ਕੋਰਸ ਦੀ ਪਾਸਿੰਗ ਆਊਟ ਪਰੇਡ ਦਾ ਨਿਰੀਖਣ ਕੀਤਾ ਗਿਆ। ਪੰਜ ਕੈਡਿਟਾਂ ਵਿਚ ਸੰਗਰੂਰ ਦੇ ਜਸਕੀਰਤਨ ਸਿੰਘ, ਜਲੰਧਰ ਦੇ ਮਨਜੋਤ ਸਿੰਘ ਵਾਲੀਆ ਅਤੇ ਧਰੁਵ ਭੰਡਾਰੀ,

ਪਟਿਆਲਾ ਦੇ ਹਰਸ਼ਦੀਪ ਸਿੰਘ ਅਤੇ ਮੋਹਾਲੀ ਦੇ ਪਾਰਥ ਕਵੀ ਸ਼ਾਮਲ ਹਨ। ਇਹ ਕੈਡਿਟ ਹੁਣ ਆਪਣੀਆਂ ਸਬੰਧਤ ਸਰਵਿਸ ਟ੍ਰੇਨਿੰਗ ਅਕੈਡਮੀਆਂ ਵਿਖੇ ਜੁਆਇਨ ਕਰਨਗੇ, ਜਿੱਥੋਂ ਅਗਲੇ ਸਾਲ ਦੌਰਾਨ ਉਹ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨਡ ਅਫ਼ਸਰ ਬਣ ਜਾਣਗੇ। ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਨੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਨੌਜਵਾਨਾਂ ਦੀ ਸਫ਼ਲਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਦੇਸ਼ ਦੀਆਂ ਰੱਖਿਆ ਸੇਵਾਵਾਂ ਵਾਸਤੇ ਸਾਡੇ ਨੌਜਵਾਨਾਂ ਨੂੰ ਤਿਆਰ ਕਰਨ ਦੀ ਪਹਿਲਕਦਮੀ ਦਾ ਪ੍ਰਤੱਖ ਪ੍ਰਮਾਣ ਹੈ।

-----------------------------------------------------

ਜ਼ਿਲ੍ਹਾ ਬਠਿੰਡਾ ਵਿੱਚ ਮਰਦਮਸ਼ੁਮਾਰੀ ਦੇ ਪਹਿਲੇ ਪੜਾਅ ਦਾ ਜਾਇਜ਼ਾ ਲੈਣ ਲਈ ਕੱਲ੍ਹ ਪੰਜਾਬ ਦੇ ਸੈਂਸਸ ਅਪਰੇਸ਼ਨਜ਼ ਦੇ ਡਾਇਰੈਕਟਰ ਡਾ. ਨਵਜੋਤ ਖੋਸਾ ਆਈਏਐੱਸ ਦੀ ਪ੍ਰਧਾਨਗੀ ਹੇਠ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਆਈਏਐੱਸ ਅਤੇ ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਪੀਸੀਐੱਸ ਵੀ ਮੌਜੂਦ ਸਨ। ਇਸ ਮੀਟਿੰਗ ਵਿੱਚ ਸਬੰਧਤ ਅਧਿਕਾਰੀਆਂ, ਚਾਰਜ ਅਫ਼ਸਰਾਂ ਅਤੇ ਮਰਦਮਸ਼ੁਮਾਰੀ ਦੇ ਕੰਮ ਨਾਲ

ਜੁੜੇ ਕਰਮਚਾਰੀਆਂ ਨੇ ਹਿੱਸਾ ਲਿਆ। ਸਮੀਖਿਆ ਦੌਰਾਨ, ਡਾਇਰੈਕਟਰ ਨੇ ਪਹਿਲੇ ਪੜਾਅ ਦੇ ਮਰਦਮਸ਼ੁਮਾਰੀ ਅਪਰੇਸ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸ਼ਲਾਘਾਯੋਗ ਕਾਰਗੁਜ਼ਾਰੀ ਲਈ ਚਾਰਜ ਅਫਸਰਾਂ ਅਤੇ ਫੀਲਡ ਸਟਾਫ਼ ਦੀਆਂ ਸੁਹਿਰਦ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਮਰਦਮਸ਼ੁਮਾਰੀ ਦੀਆਂ ਰਹਿੰਦੀਆਂ ਗਤੀਵਿਧੀਆਂ ਜੂਨ 2026 ਦੇ ਦੂਜੇ ਹਫ਼ਤੇ ਤੋਂ ਪਹਿਲਾਂ ਮੁਕੰਮਲ ਕਰ ਲਈਆਂ ਜਾਣ।

---

ਅੱਜ ਗੁਰਦਾਸਪੁਰ ਵਿਖੇ ਫੋਰ ਜੈਕ ਰਾਈਫਲ (4 J&K Rifles) ਦੇ ਸਾਬਕਾ ਸੈਨਿਕਾਂ ਵੱਲੋਂ ਅੱਜ 'ਰੇਜ਼ਿੰਗ ਡੇ' ਬੜੇ ਉਤਸ਼ਾਹ ਅਤੇ ਮਾਣ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਾਬਕਾ ਸੈਨਿਕਾਂ ਦਾ ਇੱਕ ਵਿਸ਼ੇਸ਼ ਇਕੱਠ ਰੱਖਿਆ ਗਿਆ। ਜਿਸ ਵਿੱਚ ਯੂਨਿਟ ਦੇ ਸਾਬਕਾ ਅਧਿਕਾਰੀਆਂ ਅਤੇ ਜਵਾਨਾਂ ਨੇ ਭਾਗ ਲਿਆ। ਸਾਬਕਾ ਸੈਨਿਕਾਂ ਨੇ ਦੱਸਿਆ ਕਿ ਉਨ੍ਹਾਂ ਦੀ ਯੂਨਿਟ 30 ਮਈ 1837 ਨੂੰ ਸਥਾਪਿਤ ਹੋਈ ਸੀ ਅਤੇ ਇਹ ਯੂਨਿਟ ਜੰਮੂ-ਕਸ਼ਮੀਰ ਆਰਮੀ ਅਤੇ ਬਾਅਦ ਵਿੱਚ ਜੰਮੂ-ਕਸ਼ਮੀਰ ਰਾਈਫਲ ਦੇ ਨਾਂ ਨਾਲ ਮਸ਼ਹੂਰ ਰਹੀ। ਉਨ੍ਹਾਂ ਦੱਸਿਆ ਕਿ 'ਮੰਤਲਾਈ ਡੇਅ' ਦੇ ਮੌਕੇ 'ਤੇ ਵੀ ਇਹ ਰੈਜੀਮੈਂਟ ਮੋਹਰੀ ਰਹੀ ਸੀ।ਸਾਬਕਾ ਸੈਨਿਕਾਂ ਨੇ ਯਾਦ ਕੀਤਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਾਰਡਰ 'ਤੇ ਦੇਸ਼ ਦੀ ਰੱਖਿਆ ਕਰਨਾ ਸੀ।

# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :31-05-2026

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਦਿਨਾਂ ਵਿਚ ਤੇਜ਼ ਗਰਮੀ ਦੌਰਾਨ ਸਾਵਧਾਨੀ ਵਰਤਣ ਅਤੇ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ। ਆਲ ਇੰਡੀਆ ਰੇਡੀਓ 'ਤੇ ਆਪਣੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ, ਉਨ੍ਹਾਂ ਨੇ ਲੋਕਾਂ ਨੂੰ ਘਰ ਤੋਂ ਬਾਹਰ ਨਿਕਲਣ ਤੋਂ ਪਹਿਲਾਂ ਵੱਧ ਤੋ ਵੱਧ ਪਾਣੀ ਪੀਣ ਅਤੇ ਸੂਰਜ ਦੀ ਤੋਂ ਬਚਾਅ ਕਰਨ ਲਈ ਸੁਰੱਖਿਆ ਮਾਪਦੰਡ ਅਪਨਾਉਣ ਦੀ ਸਲਾਹ ਦਿੱਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਮ ਪੰਨਾ, ਲੱਸੀ, ਸੱਤੂ, ਸ਼ਰਬਤ, ਬੇਲ ਪੰਨਾ ਤੇ ਸ਼ਰਬਤ ਪੀਣਾ ਗਰਮੀ ਤੋਂ ਰਾਹਤ ਪਾਉਣ ਲਈ ਲਾਭਦਾਇਕ ਹੈ। ਉਨ੍ਹਾਂ ਕਿਹਾ ਕਿ ਇਹ ਪੀਣ ਵਾਲੇ ਪਦਾਰਥ "ਏਕ ਭਾਰਤ ਸ੍ਰੇਸ਼ਠ ਭਾਰਤ" ਦੀ ਭਾਵਨਾ ਨੂੰ ਦਰਸਾਉਂਦੇ ਹਨ ਅਤੇ ਪੀੜ੍ਹੀਆਂ ਦੇ ਤਜਰਬਿਆਂ ਨੂੰ ਦਰਸਾਉਂਦੇ ਹਨ।

---

ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰ ਦਫ਼ਤਰਾਂ ਦੇ ਜ਼ਿਲ੍ਹਾ ਪੱਧਰੀ ਕੰਪਲੈਕਸ ਵਿੱਚ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੀ ਕੋਰ ਕਮੇਟੀ ਦੇ ਜ਼ਿਲ੍ਹਾ ਦਫ਼ਤਰ ਖੋਲ੍ਹੇ ਜਾਣਗੇ। ਇਸ ਸਬੰਧੀ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਤੋਂ ਦਫਤਰ ਖੋਲਣ ਲਈ ਜਗ੍ਹਾ ਦੀ ਮੰਗ ਕੀਤੀ ਗਈ ਹੈ। ਇਹ ਜਾਣਕਾਰੀ ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ ਲੁਧਿਆਣਾ ਵਿੱਚ ਮਨੁੱਖੀ ਅਧਿਕਾਰਾਂ ਬਾਰੇ ਲੋਕਾਂ ਨੂੰ ਜਾਗਰੂਕਤਾ ਸਮਾਗਮ ਨੂੰ ਦੌਰਾਨ ਸਾਂਝੀ ਕੀਤੀ। ਉਨਾਂ ਕਿਹਾ ਕਿ

ਇਹ ਪਹਿਲ ਪੰਜਾਬ ਨੂੰ ਦੇਸ਼ ਦਾ ਪਹਿਲਾ ਅਜਿਹਾ ਰਾਜ ਬਣਾਉਂਦੀ ਹੈ ਜਿੱਥੇ ਮਨੁੱਖੀ ਅਧਿਕਾਰ ਕਮਿਸ਼ਨ ਦੀ ਕਾਰਗੁਜ਼ਾਰੀ ਦਾ ਜ਼ਿਲ੍ਹਾ ਪੱਧਰ ਤੱਕ ਵਿਸਥਾਰ ਕੀਤਾ ਜਾਵੇਗਾ। ਇਸ ਕਦਮ ਨਾਲ ਆਮ ਲੋਕਾਂ ਨੂੰ ਆਪਣੇ ਅਧਿਕਾਰਾਂ ਲਈ ਦਫਤਰ ਮਨੁੱਖੀ ਅਧਿਕਾਰ ਕਮਿਸ਼ਨ, ਚੰਡੀਗੜ੍ਹ ਤੱਕ ਜਾਣ ਦੀ ਲੋੜ ਨਹੀਂ ਪਵੇਗੀ, ਸਗੋਂ ਉਹ ਆਪਣੇ ਹੀ ਜ਼ਿਲ੍ਹੇ ਵਿੱਚ ਹੀ ਆਪਣੀਆਂ ਸ਼ਿਕਾਇਤਾਂ ਇਸ ਕੋਰ ਕਮੇਟੀ ਦੇ ਜ਼ਿਲ੍ਹਾ ਦਫਤਰ ਵਿੱਚ ਦਰਜ ਕਰਵਾ ਸਕਣਗੇ।

---

ਜਲੰਧਰ ਦੇ ਵਸਨੀਕ ਇਕ RTI ਕਾਰਕੁੰਨ ਸਿਮਰਨਜੀਤ ਸਿੰਘ ਦੇ ਕਾਲ ਚਹੇੜੂ ਵਿਖੇ ਹੋਏ ਕਤਲ ਮਾਮਲੇ ਵਿਚ ਕਪੂਰਥਲਾ ਪੁਲਿਸ ਨੇ ਮੁਲਜ਼ਮ ਕੱਲ੍ਹ ਸ਼ਾਮ ਨੂੰ ਗ੍ਰਿਫਤਾਰ ਕਰ ਲਿਆ। ਉਸ ਕੋਲੋਂ ਇਕ ਪਿਸਤੌਲ ਤੇ ਕਾਰਤੂਸ ਵੀ ਬਰਾਮਦ ਹੋਏ ਨੇ। ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ ਜਲੰਧਰ ਰੇਂਜ ਨਵੀਨ ਸਿੰਗਲਾ ਨੇ ਦੱਸਿਆ ਕਿ ਕਤਲ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮ ਦੀ ਪਛਾਣ ਸ਼ਰਨਜੀਤ ਸਿੰਘ ਉਰਫ ਟਵਿੰਕਲ ਵਾਸੀ ਤਿਲਕ ਨਗਰ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਮ੍ਰਿਤਕ ਦੇ ਸਕੇ ਮਾਮੇ ਦਾ ਲੜਕਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਦਾ ਮ੍ਰਿਕਤ ਸਿਮਰਨਜੀਤ ਸਿੰਘ ਨਾਲ ਪੈਸਿਆਂ ਨੂੰ ਲੈ ਕੇ ਝਗੜਾ ਹੋਇਆ ਸੀ।।

---------------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਐਸਏਐਸ ਨਗਰ ਦੇ ਪੰਜ ਸਾਬਕਾ ਕੈਡਿਟ ਪੁਣੇ ਦੇ ਖੜਕਵਾਸਲਾ ਸਥਿਤ ਵੱਕਾਰੀ ਕੌਮੀ ਰੱਖਿਆ ਅਕੈਡਮੀ (ਐਨਡੀਏ) ਤੋਂ ਗ੍ਰੈਜੂਏਟ ਹੋਏ ਹਨ। ਚੀਫ਼ ਆਫ਼ ਆਰਮੀ ਸਟਾਫ਼ ਜਨਰਲ ਉਪੇਂਦਰ ਦਿਵੇਦੀ, ਵੱਲੋਂ 150ਵੇਂ ਐਨਡੀਏ ਕੋਰਸ ਦੀ ਪਾਸਿੰਗ ਆਊਟ ਪਰੇਡ ਦਾ ਨਿਰੀਖਣ ਕੀਤਾ ਗਿਆ। ਪੰਜ ਕੈਡਿਟਾਂ ਵਿਚ ਸੰਗਰੂਰ ਦੇ ਜਸਕੀਰਤਨ ਸਿੰਘ, ਜਲੰਧਰ ਦੇ ਮਨਜੋਤ ਸਿੰਘ ਵਾਲੀਆ ਅਤੇ ਧਰੁਵ ਭੰਡਾਰੀ,

ਪਟਿਆਲਾ ਦੇ ਹਰਸ਼ਦੀਪ ਸਿੰਘ ਅਤੇ ਮੋਹਾਲੀ ਦੇ ਪਾਰਥ ਕਵੀ ਸ਼ਾਮਲ ਹਨ। ਇਹ ਕੈਡਿਟ ਹੁਣ ਆਪਣੀਆਂ ਸਬੰਧਤ ਸਰਵਿਸ ਟ੍ਰੇਨਿੰਗ ਅਕੈਡਮੀਆਂ ਵਿਖੇ ਜੁਆਇਨ ਕਰਨਗੇ, ਜਿੱਥੋਂ ਅਗਲੇ ਸਾਲ ਦੌਰਾਨ ਉਹ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨਡ ਅਫ਼ਸਰ ਬਣ ਜਾਣਗੇ। ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਨੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਨੌਜਵਾਨਾਂ ਦੀ ਸਫ਼ਲਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਦੇਸ਼ ਦੀਆਂ ਰੱਖਿਆ ਸੇਵਾਵਾਂ ਵਾਸਤੇ ਸਾਡੇ ਨੌਜਵਾਨਾਂ ਨੂੰ ਤਿਆਰ ਕਰਨ ਦੀ ਪਹਿਲਕਦਮੀ ਦਾ ਪ੍ਰਤੱਖ ਪ੍ਰਮਾਣ ਹੈ।

-----------------------------------------------

ਜ਼ਿਲ੍ਹਾ ਬਠਿੰਡਾ ਵਿੱਚ ਮਰਦਮਸ਼ੁਮਾਰੀ ਦੇ ਪਹਿਲੇ ਪੜਾਅ ਦਾ ਜਾਇਜ਼ਾ ਲੈਣ ਲਈ ਕੱਲ੍ਹ ਪੰਜਾਬ ਦੇ ਸੈਂਸਸ ਅਪਰੇਸ਼ਨਜ਼ ਦੇ ਡਾਇਰੈਕਟਰ ਡਾ. ਨਵਜੋਤ ਖੋਸਾ ਆਈਏਐੱਸ ਦੀ ਪ੍ਰਧਾਨਗੀ ਹੇਠ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਆਈਏਐੱਸ ਅਤੇ ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਪੀਸੀਐੱਸ ਵੀ ਮੌਜੂਦ ਸਨ। ਇਸ ਮੀਟਿੰਗ ਵਿੱਚ ਸਬੰਧਤ ਅਧਿਕਾਰੀਆਂ, ਚਾਰਜ ਅਫ਼ਸਰਾਂ ਅਤੇ ਮਰਦਮਸ਼ੁਮਾਰੀ ਦੇ ਕੰਮ ਨਾਲ

ਜੁੜੇ ਕਰਮਚਾਰੀਆਂ ਨੇ ਹਿੱਸਾ ਲਿਆ। ਸਮੀਖਿਆ ਦੌਰਾਨ, ਡਾਇਰੈਕਟਰ ਨੇ ਪਹਿਲੇ ਪੜਾਅ ਦੇ ਮਰਦਮਸ਼ੁਮਾਰੀ ਅਪਰੇਸ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸ਼ਲਾਘਾਯੋਗ ਕਾਰਗੁਜ਼ਾਰੀ ਲਈ ਚਾਰਜ ਅਫਸਰਾਂ ਅਤੇ ਫੀਲਡ ਸਟਾਫ਼ ਦੀਆਂ ਸੁਹਿਰਦ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਮਰਦਮਸ਼ੁਮਾਰੀ ਦੀਆਂ ਰਹਿੰਦੀਆਂ ਗਤੀਵਿਧੀਆਂ ਜੂਨ 2026 ਦੇ ਦੂਜੇ ਹਫ਼ਤੇ ਤੋਂ ਪਹਿਲਾਂ ਮੁਕੰਮਲ ਕਰ ਲਈਆਂ ਜਾਣ।

--------------------------------------------------------------

ਅੱਜ ਗੁਰਦਾਸਪੁਰ ਵਿਖੇ ਫੋਰ ਜੈਕ ਰਾਈਫਲ (4 J&K Rifles) ਦੇ ਸਾਬਕਾ ਸੈਨਿਕਾਂ ਵੱਲੋਂ ਅੱਜ 'ਰੇਜ਼ਿੰਗ ਡੇ' ਬੜੇ ਉਤਸ਼ਾਹ ਅਤੇ ਮਾਣ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਾਬਕਾ ਸੈਨਿਕਾਂ ਦਾ ਇੱਕ ਵਿਸ਼ੇਸ਼ ਇਕੱਠ ਰੱਖਿਆ ਗਿਆ। ਜਿਸ ਵਿੱਚ ਯੂਨਿਟ ਦੇ ਸਾਬਕਾ ਅਧਿਕਾਰੀਆਂ ਅਤੇ ਜਵਾਨਾਂ ਨੇ ਭਾਗ ਲਿਆ। ਸਾਬਕਾ ਸੈਨਿਕਾਂ ਨੇ ਦੱਸਿਆ ਕਿ ਉਨ੍ਹਾਂ ਦੀ ਯੂਨਿਟ 30 ਮਈ 1837 ਨੂੰ ਸਥਾਪਿਤ ਹੋਈ ਸੀ ਅਤੇ ਇਹ ਯੂਨਿਟ ਜੰਮੂ-ਕਸ਼ਮੀਰ ਆਰਮੀ ਅਤੇ ਬਾਅਦ ਵਿੱਚ ਜੰਮੂ-ਕਸ਼ਮੀਰ ਰਾਈਫਲ ਦੇ ਨਾਂ ਨਾਲ ਮਸ਼ਹੂਰ ਰਹੀ। ਉਨ੍ਹਾਂ ਦੱਸਿਆ ਕਿ 'ਮੰਤਲਾਈ ਡੇਅ' ਦੇ ਮੌਕੇ 'ਤੇ ਵੀ ਇਹ ਰੈਜੀਮੈਂਟ ਮੋਹਰੀ ਰਹੀ ਸੀ।ਸਾਬਕਾ ਸੈਨਿਕਾਂ ਨੇ ਯਾਦ ਕੀਤਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਾਰਡਰ 'ਤੇ ਦੇਸ਼ ਦੀ ਰੱਖਿਆ ਕਰਨਾ ਸੀ।